# ਪੰਜਾਬ ਐਜੂਸੈਟ ਸੁਸਾਇਟੀ

ਈ ਬਲਾਕ, ਵਿੱਦਿਆ ਭਵਨ, ਟੈਕਸਟ ਬੁੱਕ ਸੈਲ, ਪਹਿਲੀ ਮੰਜ਼ਿਲ
ਪੀ.ਐਸ.ਈ.ਬੀ.ਕੈਂਪਸ, ਫੇਜ਼-8, ਸਾਹਿਬਜਾਦਾ ਅਜੀਤ ਸਿੰਘ ਨਗਰ।
ਫੋਨ ਨੰ. 0172-5218801-16, ਈ-ਮੇਲ: edusat.punjab@gmail.com


ਵੱਲ,

ਆਰ ਪੱਤਰ - 1

1. ਮੰਡਲ ਸਿੱਖਿਆ ਅਫਸਰ, ਨਾਭਾ, ਜਲੰਧਰ ਅਤੇ ਫਰੀਦਕੋਟ।
2. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਪੰਜਾਬ।
3. ਸਮੂਹ ਜਿਲ੍ਹਾ ਐਜੂਸੈਟ ਕੋਆਰਡੀਨੇਟਰ, ਪੰਜਾਬ।
4. ਐਜੂਸੈਟ ਸੁਵਿਧਾ ਵਾਲੇ (ਸੀਨੀਅਰ ਸੈਕੰਡਰੀ ਅਤੇ ਹਾਈ) ਸਕੂਲਾਂ ਦੇ ਮੁੱਖੀ (ਵੈਬਸਾਈਟ ਰਾਹੀਂ)।

ਮੀਮੋ ਨੰ.:24/24/2015/ਪੀ.ਈ.ਐਸ/ਕੰਪ-ਬੈਫਟ/੧੧੪੦-੫੫
ਮਿਤੀ: 27. ਮਈ, 2016.

ਵਿਸ਼ਾ: ਸਰਕਾਰੀ ਵਿੱਦਿਅਕ ਸੰਸਥਾਵਾਂ ਵਿੱਚ ਸਥਾਪਿਤ ਕੀਤੇ ਪੰਜਾਬ ਐਜੂਸੈਟ ਨਾਲ ਸਬੰਧਤ ਸਾਜੋ ਸਮਾਨ ਨੂੰ ਚੋਰੀਆਂ ਤੋਂ ਬਚਾਉਣ ਸਬੰਧੀ।
ਹਵਾਲਾ: ਪੱਤਰ ਨੰ. 24/24/2015/ਪੀ.ਈ.ਐਸ/ਕੰਪ-ਬੈਫਟ/7663, ਮਿਤੀ 19.12.2015.

ਹਵਾਲਾ ਅਧੀਨ ਪੱਤਰ ਰਾਹੀਂ ਦੱਸਿਆ ਗਿਆ ਸੀ ਕਿ ਪੰਜਾਬ ਸਰਕਾਰ ਦੁਆਰਾ ਪੰਜਾਬ ਐਜੂਸੈਟ ਸੁਸਾਇਟੀ ਰਾਹੀਂ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉੱਚੇਰੀ ਸਿੱਖਿਆ ਅਤੇ ਮੈਡੀਕਲ ਸਿੱਖਿਆ ਵਿਭਾਗਾਂ ਦੀਆਂ ਸਰਕਾਰੀ ਵਿੱਦਿਅਕ ਸੰਸਥਾਵਾਂ ਅਤੇ ਸਰਕਾਰੀ ਸੀਨੀਅਰ ਸੈਕੰਡਰੀ/ਹਾਈ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਅਤੀ ਆਧੁਨਿਕ ਤਕਨੀਕਾਂ ਦੁਆਰਾ ਗੁਣਵਤਾ ਵਾਲੀ ਸਿੱਖਿਆ ਦੇਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ ਅਤੇ ਇਸ ਅਧੀਨ ਹੀ ਇਹਨਾਂ ਵਿਭਾਗਾਂ ਦੀਆਂ ਸਰਕਾਰੀ ਵਿੱਦਿਅਕ ਸੰਸਥਾਵਾਂ ਵਿੱਚ ਕੀਮਤੀ ਉਪਕਰਣ ਸਥਾਪਿਤ ਕੀਤੇ ਗਏ ਹਨ।

ਇਹ ਵੇਖਣ ਵਿੱਚ ਆਇਆ ਹੈ ਕਿ ਸਰਕਾਰੀ ਵਿੱਦਿਅਕ ਸੰਸਥਾਵਾਂ ਵਿੱਚ ਸਥਾਪਿਤ ਉਪਕਰਣਾਂ ਦੀਆਂ ਚੋਰੀਆਂ ਹੋ ਰਹੀਆਂ ਹਨ। ਕ੍ਰਿਪਾ ਕਰਕੇ ਇਹ ਚੋਰੀਆਂ ਦੀ ਰੋਕਥਾਮ ਕਰਵਾਉਣ ਅਤੇ ਜਿਲ੍ਹਾ ਪੁਲਿਸ ਦੀ ਮਦਦ ਨਾਲ ਢੁਕਵੇਂ ਕਦਮ ਚੁਕਣ ਦੀ ਖੇਚਲ ਕੀਤੀ ਜਾਵੇ ਤਾਂ ਜੋ ਚੋਰੀ ਦੀਆਂ ਵਾਰਦਾਤਾਂ ਰੁਕ ਜਾਣ ਅਤੇ ਨਾਲ ਹੀ ਪਹਿਲਾਂ ਚੋਰੀ ਹੋਇਆ ਸਮਾਨ ਵੀ ਵਾਪਸ ਬਰਾਮਦ ਕਰਕੇ ਸੰਸਥਾਵਾਂ ਵਿੱਚ ਪੁਨਰ ਸਥਾਪਿਤ ਕੀਤਾ ਜਾ ਸਕੇ।

ਫਿਰ ਤੋਂ ਬੇਨਤੀ ਕੀਤੀ ਜਾਂਦੀ ਹੈ ਕਿ ਜੂਨ ਦੀਆਂ ਛੁੱਟੀਆਂ ਨੂੰ ਮੁੱਖ ਰੱਖਦੇ ਹੋਏ ਚੋਰੀ ਦੀ ਰੋਕਥਾਮ ਲਈ ਪੁੱਖਤਾ ਪ੍ਰਬੰਧ ਕੀਤੇ ਜਾਣ ਅਤੇ ਚੋਰੀ ਸਬੰਧੀ ਕਿਸੇ ਕਿਸਮ ਦੀ ਲਾਪਰਵਾਹੀ ਦੀ ਜਿੰਮੇਵਾਰੀ ਸੰਸਥਾ ਮੁੱਖੀ ਦੀ ਹੋਵੇਗੀ।

ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ
ਵਾ:ਡੀ.ਜੀ.ਐਸ.ਈ-ਕਮ-ਪ੍ਰੋਜੈਕਟ ਡਾਇਰੈਕਟਰ
ਪੰਜਾਬ ਐਜੂਸੈਟ ਸੁਸਾਇਟੀ।

ਪਿੱਠਅੰਕਣ ਨੰ.: 24/24/2015/ਪੀ.ਈ.ਐਸ/ਕੰਪ-ਬੈਫਟ/੧੧੪੫ ਮਿਤੀ:27.05.2016

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਡੀ.ਐਮ.(ਐਮ.ਆਈ.ਐਸ) ਜੀ ਨੂੰ ਵੈਬਸਾਈਟ/ਨੋਟਿਸ ਬੋਰਡ ਰਾਹੀਂ ਸਬੰਧਤਾਂ ਨੂੰ ਉਪਲਬਧ ਕਰਵਾਉਣ ਲਈ।

ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ
ਵਾ:ਡੀ.ਜੀ.ਐਸ.ਈ-ਕਮ-ਪ੍ਰੋਜੈਕਟ ਡਾਇਰੈਕਟਰ
ਪੰਜਾਬ ਐਜੂਸੈਟ ਸੁਸਾਇਟੀ।